ਭੈਰਉ ਮਹਲਾ ੫ ॥ ਅਪਣੇ ਦਾਸ ਕਉ ਕੰਠਿ ਲਗਾਵੈ ॥ ਨਿੰਦਕ ਕਉ ਅਗਨਿ ਮਹਿ ਪਾਵੈ ॥੧॥ ਪਾਪੀ ਤੇ ਰਾਖੇ ਨਾਰਾਇਣ ॥ ਪਾਪੀ ਕੀ ਗਤਿ ਕਤਹੂ ਨਾਹੀ ਪਾਪੀ ਪਚਿਆ ਆਪ ਕਮਾਇਣ ॥ ੧॥ ਰਹਾਉ ॥ ਦਾਸ ਰਾਮ ਜੀਉ ਲਾਗੀ ਪ੍ਰੀਤਿ ॥ ਨਿੰਦਕ ਕੀ ਹੋਈ ਬਿਪਰੀਤਿ ॥੨॥ ਪਾਰਬ੍ਰਹਮਿ ਅਪਣਾ ਬਿਰਦੁ ਪ੍ਰਗਟਾਇਆ ॥ ਦੋਖੀ ਅਪਣਾ ਕੀਤਾ ਪਾਇਆ ॥੩॥ ਆਇ ਨ ਜਾਈ ਰਹਿਆ ਸਮਾਈ ॥ ਨਾਨਕ ਦਾਸ ਹਰਿ ਕੀ ਸਰਣਾਈ ॥੪॥੧੩॥ {ਪੰਨਾ 1138}

ਪਦਅਰਥ:- ਕਉ—ਨੂੰ। ਕੰਠਿ—ਗਲ ਨਾਲ। ਅਗਨਿ ਮਹਿ—(ਨਿੰਦਾ ਦੀ) ਅੱਗ ਵਿਚ {ਨਿੰਦਾ ਕਰਨ ਵੇਲੇ ਨਿੰਦਕ ਦੇ ਆਪਣੇ ਅੰਦਰ ਈਰਖਾ ਦੀ ਅੱਗ ਬਲ ਰਹੀ ਹੁੰਦੀ ਹੈ}। ਪਾਵੈ—ਪਾਈ ਰੱਖਦਾ ਹੈ।1।

ਤੇ—ਤੋਂ। ਰਾਖੇ—ਰੱਖਿਆ ਕਰਦਾ ਹੈ। ਗਤਿ—ਉੱਚੀ ਆਤਮਕ ਅਵਸਥਾ। ਕਤਹੂ—ਕਿਤੇ ਭੀ। ਪਚਿਆ—ਸੜਿਆ ਰਹਿੰਦਾ ਹੈ, ਅੰਦਰੇ-ਅੰਦਰ ਸੜਦਾ-ਭੁੱਜਦਾ ਰਹਿੰਦਾ ਹੈ। ਆਪ ਕਮਾਇਣੁ—ਨਿੰਦਾ-ਈਰਖਾ ਦੇ ਆਪਣੇ ਕਮਾਏ ਕਰਮਾਂ ਦੇ ਕਾਰਨ।1। ਰਹਾਉ।

ਬਿਪਰੀਤਿ—ਉਲਟੇ ਪਾਸੇ ਪ੍ਰੀਤ, ਭੈੜੇ ਕੰਮਾਂ ਨਾਲ ਪਿਆਰ।2।

ਪਾਰਬ੍ਰਹਮਿ—ਪਰਮਾਤਮਾ ਨੇ। ਬਿਰਦੁ—ਮੁੱਢ-ਕਦੀਮਾਂ ਦਾ ਸੁਭਾਉ। ਦੋਖੀ—ਨਿੰਦਕ।3।

ਆਇ ਨ ਜਾਈ—ਜਿਹੜਾ ਪ੍ਰਭੂ ਨਾਹ ਜੰਮਦਾ ਹੈ ਨਾਹ ਮਰਦਾ ਹੈ। ਰਹਿਆ ਸਮਾਈ—ਜਿਹੜਾ ਪ੍ਰਭੂ ਸਭ ਥਾਂ ਵਿਆਪਕ ਹੈ। ਨਾਨਕ—ਹੇ ਨਾਨਕ!।4।

ਅਰਥ:- ਹੇ ਭਾਈ! ਨਿੰਦਕ-ਦੋਖੀ ਪਾਸੋਂ ਪਰਮਾਤਮਾ (ਆਪਣੇ ਸੇਵਕ ਨੂੰ ਸਦਾ ਆਪ) ਬਚਾਂਦਾ ਹੈ। ਨਿੰਦਕ-ਦੋਖੀ ਦੀ ਆਤਮਕ ਅਵਸਥਾ ਕਿਤੇ ਭੀ ਉੱਚੀ ਨਹੀਂ ਹੋ ਸਕਦੀ, (ਕਿਉਂਕਿ) ਨਿੰਦਕ-ਦੋਖੀ ਆਪਣੇ ਕਮਾਏ ਕਰਮਾਂ ਅਨੁਸਾਰ (ਸਦਾ ਨਿੰਦਾ-ਈਰਖਾ ਦੀ ਅੱਗ ਵਿਚ ਅੰਦਰੇ ਅੰਦਰ) ਸੜਦਾ ਰਹਿੰਦਾ ਹੈ।1। ਰਹਾਉ।

ਹੇ ਭਾਈ! ਪਰਮਾਤਮਾ ਆਪਣੇ ਸੇਵਕ ਨੂੰ (ਸਦਾ ਆਪਣੇ) ਗਲ ਨਾਲ ਲਾਈ ਰੱਖਦਾ ਹੈ, ਅਤੇ (ਆਪਣੇ ਸੇਵਕ ਦੇ) ਦੋਖੀ ਨੂੰ (ਈਰਖਾ ਦੀ ਅੰਦਰੇ-ਅੰਦਰ ਧੁਖ ਰਹੀ) ਅੱਗ ਵਿਚ ਪਾਈ ਰੱਖਦਾ ਹੈ।1।

ਹੇ ਭਾਈ! ਪਰਮਾਤਮਾ ਦੇ ਸੇਵਕ ਦੀ ਪਰਮਾਤਮਾ ਨਾਲ ਪ੍ਰੀਤ ਬਣੀ ਰਹਿੰਦੀ ਹੈ, ਪਰ ਸੇਵਕ ਦੇ ਦੋਖੀ ਦਾ (ਨਿੰਦਾ-ਈਰਖਾ ਆਦਿਕ) ਭੈੜੇ ਕੰਮਾਂ ਨਾਲ ਪਿਆਰ ਬਣਿਆ ਰਹਿੰਦਾ ਹੈ।2।

ਹੇ ਭਾਈ! (ਸਦਾ ਹੀ) ਪਰਮਾਤਮਾ ਨੇ (ਆਪਣੇ ਸੇਵਕ ਦੀ ਲਾਜ ਰੱਖ ਕੇ) ਆਪਣਾ ਮੁੱਢ-ਕਦੀਮਾਂ ਦਾ (ਇਹ) ਸੁਭਾਉ (ਜਗਤ ਵਿਚ) ਪਰਗਟ ਕੀਤਾ ਹੈ, (ਸੇਵਕ ਦੇ) ਨਿੰਦਕ-ਦੋਖੀ ਨੇ (ਭੀ ਸਦਾ) ਆਪਣੇ ਕੀਤੇ ਮੰਦੇ ਕਰਮ ਦਾ ਫਲ ਭੁਗਤਿਆ ਹੈ।3।

ਹੇ ਨਾਨਕ! ਜਿਹੜਾ ਪਰਮਾਤਮਾ ਨਾਹ ਜੰਮਦਾ ਹੈ ਨਾਹ ਮਰਦਾ ਹੈ ਜਿਹੜਾ ਪਰਮਾਤਮਾ ਸਭ ਥਾਈਂ ਵਿਆਪਕ ਹੈ, ਉਸ ਦੇ ਦਾਸ (ਸਦਾ) ਉਸ ਦੀ ਸਰਨ ਪਏ ਰਹਿੰਦੇ ਹਨ।4।13।